# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :22-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਮੰਤਰੀ ਕੀਰੇਨ ਰਿਜਿਜੂ ਨੇ ਕਿਹੈ ਕਿ ਸਰਕਾਰ, ਨੀਟ ਪ੍ਰੀਖਿਆ ਪੇਪਰ ਲੀਕ ਕੇਸ ਵਿੱਚ, ਨੇਮ ਤਹਿਤ ਚਰਚਾ ਲਈ ਤਿਆਰ ਏ।

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਹਿਕਾਰਤਾ ਨੀਤੀ 2026 ਦੀ ਸ਼ੁਰੂਆਤ ਕੀਤੀ।

- ਪੰਜਾਬ, ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਵਿਸ਼ਾ ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ |

- EPFO ਨੇ ਮੁਕੱਦਮੇਬਾਜ਼ੀ ਨੂੰ ਘਟਾਉਣ ਅਤੇ EPFO ਢਾਂਚੇ ਤਹਿਤ ਵਿਵਾਦਾਂ ਦੇ ਨਿਪਟਾਰੇ ਲਈ VISHWAS, 2026 ਯੋਜਨਾ ਨੂੰ NOTIFY ਕੀਤਾ .

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ 'ਗ੍ਰੀਨ ਪੰਜਾਬ' ਬਣਾਉਣ ਲਈ, ਸਭ ਨੂੰ ਰਲ ਕੇ ਕੰਮ ਕਰਨ ਦਾ ਸੱਦਾ ਦਿੱਤਾ.

***ਹੁਣ ਖਬਰਾਂ ਵਿਸਥਾਰ ਨਾਲ***

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਏ ਕਿ ਸਰਕਾਰ ਸੰਸਦ ਦੇ ਮਾਨਸੂਨ ਇਜਲਾਸ ਦੇ ਪਹਿਲੇ ਦਿਨ ਤੋਂ ਹੀ NEET ਪ੍ਰੀਖਿਆ ਪੇਪਰ ਲੀਕ ਮੁੱਦੇ 'ਤੇ ਚਰਚਾ ਕਰਨ ਲਈ ਤਿਆਰ ਏ। ਸੰਸਦ ਭਵਨ COMPLEX ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਚਰਚਾ ਲਈ ਨੇਮ ਤੈਅ ਕੀਤੇ ਜਾਣੇ ਚਾਹੀਦੇ ਨੇ. ਸ੍ਰੀ ਰਿਜਿਜੂ ਨੇ ਕਿਹਾ ਕਿ ਸਰਕਾਰ NEET ਪ੍ਰੀਖਿਆ ਪ੍ਰਸ਼ਨ ਪੱਤਰ 'ਤੇ ਵਿਆਪਕ ਚਰਚਾ ਚਾਹੁੰਦੀ ਏ। ਉਨ੍ਹਾਂ ਕਿਹਾ ਕਿ ਬਹਿਸ ਜਿੰਨੀ ਵੀ ਲੰਮੀ ਚਲੇ ਉੰਨੀ ਲੰਮੀ ਹੋਣੀ ਚਾਹੀਦੀ ਏ ਅਤੇ ਜਿੰਨਾ ਛੇਤੀ ਸੰਭਵ ਹੋ ਸਕੇ ਸ਼ੁਰੂ ਹੋਣੀ ਚਾਹੀਦੀ ਏ. ਸ੍ਰੀ ਰਿਜਿਜੂ ਨੇ ਕਿਹਾ ਕਿ ਸਰਕਾਰ ਨੇ ਵਿਰੋਧੀ ਪਾਰਟੀਆਂ ਨੂੰ ਇਸ ਮੁੱਦੇ 'ਤੇ ਖੁੱਲ੍ਹੀ ਚਰਚਾ ਲਈ ਸੱਦਾ ਦਿੱਤਾ ਸੀ, ਪਰ

ਉਨ੍ਹਾਂ ਨੇ ਇਸ ਤਰ੍ਹਾਂ ਦੀਆਂ ਰੁਕਾਵਟਾਂ ਪੈਦਾ ਕੀਤੀਆਂ ਜਿਸ ਨਾਲ ਇਹ ਲਗਦਾ ਏ ਕਿ ਓਹ ਸੰਵਾਦ  ਵਿੱਚ ਸ਼ਾਮਲ ਨਹੀਂ ਹੋਣਾ ਚਾਹੁੰਦੇ –

byte

---------------------------------------------------------------

ਪ੍ਰਸਾਰ ਭਾਰਤੀ, ਦੂਰਦਰਸ਼ਨ ਅਤੇ ਆਕਾਸ਼ਵਾਣੀ ਰਾਹੀਂ ਪੰਜਾਬ ਵਿੱਚ ਵਿਆਪਕ ਜਨਤਕ ਪ੍ਰਸਾਰਣ ਸੇਵਾਵਾਂ ਪ੍ਰਦਾਨ ਕਰ ਰਿਹਾ ਏ । ਇਹ ਸਰਹੱਦੀ ਇਲਾਕਿਆਂ, ਦਿਹਾਤੀ ਵਿਕਾਸ, ਸੱਭਿਆਚਾਰ ਅਤੇ ਜਨਤਕ ਹਿੱਤ ਦੇ ਹੋਰ ਮੁੱਦਿਆਂ ਨੂੰ ਕਵਰ ਕਰ ਰਹੇ ਨੇ. ਇਹ ਗੱਲ ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਅੱਜ ਲੋਕ ਸਭਾ ਵਿੱਚ ਪੰਜਾਬ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੇ ਇੱਕ ਸਵਾਲ ਦੇ ਜਵਾਬ ਵਿੱਚ ਕਹੀ । ਉਨ੍ਹਾਂ ਕਿਹਾ ਕਿ, ਦੂਰਦਰਸ਼ਨ ਕੇਂਦਰ (ਡੀਡੀਕੇ), ਜਲੰਧਰ ਤੋਂ ਪ੍ਰਸਾਰਿਤ ਹੋਣ ਵਾਲਾ 24 ਘੰਟੇ ਸੱਤੇ ਦਿਨ ਚਲਣ ਵਾਲਾ ਸੈਟੇਲਾਈਟ ਚੈਨਲ ਡੀਡੀ ਪੰਜਾਬੀ, ਰਾਜ ਦੇ ਸੱਭਿਆਚਾਰ, ਵਿਰਸੇ, ਖ਼ਬਰਾਂ ਅਤੇ ਮੌਜੂਦਾ ਮਾਮਲਿਆਂ ਬਾਰੇ ਪੰਜਾਬੀ ਭਾਸ਼ਾ ਦੇ ਪ੍ਰੋਗਰਾਮ ਪ੍ਰਸਾਰਿਤ ਕਰਦਾ ਏ । ਇਹ ਪ੍ਰਸਾਰ ਭਾਰਤੀ ਦੇ ਓਟੀਟੀ ਪਲੇਟਫਾਰਮ ਵੇਵਜ਼ ਅਤੇ ਯੂਟਿਊਬ 'ਤੇ ਵੀ ਉਪਲਬਧ ਏ । ਇਸੇ ਤਰ੍ਹਾਂ, ਪੰਜਾਬ ਦੇ ਸਾਰੇ ਆਕਾਸ਼ਵਾਣੀ ਸਟੇਸ਼ਨ ਸੱਭਿਆਚਾਰ, ਖੇਤੀਬਾੜੀ, ਦਿਹਾਤੀ ਵਿਕਾਸ, ਸਿਹਤ ਅਤੇ ਜਨਤਕ ਹਿੱਤ ਦੇ ਹੋਰ ਮੁੱਦਿਆਂ 'ਤੇ ਪੰਜਾਬੀ ਭਾਸ਼ਾ

ਦੇ ਪ੍ਰੋਗਰਾਮ ਪ੍ਰਸਾਰਿਤ ਕਰਦੇ ਣ . ਆਕਾਸ਼ਵਾਣੀ ਦਾ ਜਲੰਧਰ ਕਲੱਸਟਰ ਸਟੇਸ਼ਨ ਖਬਰਾਂ ਦੇ ਰੋਜ਼ਾਨਾ ਪੰਜ ਬੁਲੇਟਿਨ ਪ੍ਰਸਾਰਿਤ ਕਰਦਾ ਏ ਜਿਨ੍ਹਾਂ ਵਿੱਚ ਤਿੰਨ ਰਾਸ਼ਟਰੀ ਅਤੇ ਦੋ ਖੇਤਰੀ ਬੁਲੇਟਿਨ ਸ਼ਾਮਿਲ ਨੇ। ਮੰਤਰੀ ਨੇ ਕਿਹਾ ਕਿ ਮੌਜੂਦਾ ਮਾਲੀ ਸਾਲ ਦੌਰਾਨ ਕੁੱਲ 100 ਕਰੋੜ ਰੁਪਏ ਦੀ ਲਾਗਤ ਆਈ ਏ। ਪੰਜਾਬ ਲਈ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਅਜਿਹੇ ਪ੍ਰੋਗਰਾਮਾਂ ਲਈ 9.48 ਕਰੋੜ ਰੁਪਏ ਅਲਾਟ ਕੀਤੇ ਗਏ ਨੇ.

---------------------------------------------------------------

ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਕਰਨ, ਜਨਤਕ ਸੇਵਾਵਾਂ ਵਿੱਚ ਸੁਧਾਰ ਕਰਨ ਅਤੇ ਸਥਾਨਕ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਹਿਕਾਰਤਾ ਨੀਤੀ 2026 ਦੀ ਸ਼ੁਰੂਆਤ ਕੀਤੀ। ਚੰਡੀਗੜ੍ਹ ਦੀ ਮੁੱਖ ਸ਼ਹਿਰੀ ਪਛਾਣ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਨੀਤੀ ਬਿਜਲੀ ਮੁਰੰਮਤ, ਪਲੰਬਿੰਗ, ਪੇਂਟਿੰਗ, ਸਾਫ਼ - ਸਫਾਈ, ਸੂਰਜੀ ਸਮਰਥਾਵਾਂ ਲਾਉਣ ਅਤੇ ਛੋਟੇ ਨਵੀਨੀਕਰਨ ਦੇ ਕੰਮ ਕਰਨ ਵਾਲੀਆਂ ਸੇਵਾ ਸਹਿਕਾਰੀ ਸਭਾਵਾਂ 'ਤੇ ਵਿਸ਼ੇਸ਼ ਜ਼ੋਰ ਦਿੰਦੀ ਏ। ਇਹ ਸਹਿਕਾਰੀ ਸਭਾਵਾਂ, ਖਾਸ ਕਰਕੇ ਨੌਜਵਾਨਾਂ, ਔਰਤਾਂ ਅਤੇ ਕਮਜ਼ੋਰ ਵਰਗਾਂ ਦੇ ਮੈਂਬਰਾਂ ਲਈ ਰੁਜ਼ਗਾਰ ਦੇ ਸਨਮਾਨਜਨਕ ਮੌਕੇ

ਪੈਦਾ ਕਰਦਿਆਂ, ਨਿਵਾਸੀਆਂ ਅਤੇ ਹਾਊਸਿੰਗ ਸੁਸਾਇਟੀਆਂ ਨੂੰ ਭਰੋਸੇਯੋਗ ਅਤੇ ਕਿਫਾਇਤੀ ਸੇਵਾਵਾਂ ਪ੍ਰਦਾਨ ਕਰਨਗੀਆਂ. ਇਹ ਨੀਤੀ, ਹੁਨਰਮੰਦ ਵਰਕਰਾਂ ਅਤੇ ਆਈ.ਟੀ.ਆਈ.-ਸਿਖਿਅਤ ਵਿਦਿਆਰਥੀਆਂ ਨੂੰ ਸੇਵਾ ਸਹਿਕਾਰੀ ਸਭਾਵਾਂ ਵਿੱਚ ਸ਼ਾਮਲ ਹੋਣ ਅਤੇ ਆਪਣੀ ਸਿਖਲਾਈ ਪੂਰੀ ਕਰਨ ਤੋਂ ਤੁਰੰਤ ਬਾਅਦ ਸਵੈ-ਨਿਰਭਰ ਬਣਨ ਲਈ ਵੀ ਉਤਸ਼ਾਹਿਤ ਕਰਦੀ ਏ. ਇਸ ਨੀਤੀ ਤਹਿਤ 31 ਦਸੰਬਰ, 2027 ਤੱਕ ਕਰੀਬ 50 ਨਵੀਆਂ ਸਹਿਕਾਰੀ ਸਭਾਵਾਂ ਦੇ ਗਠਨ ਦੀ ਯੋਜਨਾ ਏ. ਇਸ ਪਹਿਲਕਦਮੀ ਤੋਂ ਸੇਵਾ-ਅਧਾਰਿਤ ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਕਰਨ, ਨਿਵਾਸੀਆਂ ਲਈ ਰੋਜ਼ਾਨਾ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਅਤੇ ਚੰਡੀਗੜ੍ਹ ਭਰ ਵਿੱਚ ਵਧੇਰੇ ਸਥਾਨਕ ਰੁਜ਼ਗਾਰ ਪੈਦਾ ਕਰਨ ਦੀ ਉਮੀਦ ਏ।

---------------------------------------------------------

ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ ਜਿਸਨੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਆਪਣੇ ਮੁੱਖ ਵਿਸ਼ਿਆਂ ਵਿੱਚੋਂ ਇੱਕ ਵਜੋਂ ਪੇਸ਼ ਕੀਤਾ ਏ। ਇੱਕ ਪ੍ਰੈਸ ਕਾਨਫਰੰਸ ਦੌਰਾਨ ਇਸ ਬਾਰੇ ਖੁਲਾਸਾ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਇਹ ਕਦਮ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ ਵਾਸਤੇ ਚੁਕਿਆ ਗਿਆ ਏ -

byte

ਉਨ੍ਹਾਂ ਕਿਹਾ ਕਿ ਪਾਠਕ੍ਰਮ ਚੰਗੀ ਤਰ੍ਹਾਂ ਯੋਜਨਾਬੱਧ ਹੋਏਗਾ ਅਤੇ ਅਧਿਆਪਕਾਂ ਨੂੰ ਪਹਿਲਾਂ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ ਸਿਖਲਾਈ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਸ਼ੇ ਦਾ ਸਿਰਫ਼ 10 ਫੀਸਦੀ ਹਿੱਸਾ ਕਿਤਾਬਾਂ 'ਚੋ ਪੜ੍ਹਾਇਆ ਜਾਏਗਾ ਅਤੇ 90 ਫੀਸਦੀ ਵਿਹਾਰਕ ਗਿਆਨ ਹੋਵੇਗਾ।

--------------------------------------------------------------

ਕੇਂਦਰੀ ਕਿਰਤ ਅਤੇ ਰੁਜ਼ਗਾਰ ਮੰਤਰਾਲੇ ਦੇ ਮੁਲਾਜ਼ਮਾਂ ਦੇ PROVIDEND FUND ਬਾਰੇ ਸੰਗਠਨ (EPFO) ਨੇ ਮੁਕੱਦਮੇਬਾਜ਼ੀ ਨੂੰ ਘਟਾਉਣ ਅਤੇ EPFO ਢਾਂਚੇ ਤਹਿਤ ਵਿਵਾਦਾਂ ਦੇ ਨਿਪਟਾਰੇ ਲਈ ਇੱਕ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਵਿਧੀ ਪ੍ਰਦਾਨ ਕਰਨ ਲਈ ਭਾਰਤ ਭਰ ਵਿੱਚ ਮੁਲਾਜ਼ਮਾਂ ਦੇ PROVIDEND FUND ਬਾਰੇ ਯੋਜਨਾ, 2026 ਦੇ ਹਿੱਸੇ ਵਜੋਂ VISHWAS, 2026 ਯੋਜਨਾ ਨੂੰ NOTIFY ਕੀਤਾ ਏ. ਇਹ ਯੋਜਨਾ ਪੰਜਾਬ ਵਿੱਚ ਵੀ ਲਾਗੂ ਕੀਤੀ ਗਈ ਏ ਅਤੇ 29 ਜੂਨ ਤੋਂ ਛੇ ਮਹੀਨਿਆਂ ਦੀ ਮਿਆਦ ਲਈ ਲਾਗੂ ਹੋ ਗਈ ਏ। ਲੁਧਿਆਣਾ ਦੇ ਖੇਤਰੀ PROVIDEND FUND ਕਮਿਸ਼ਨਰ ਸੌਰਭ ਸਵਾਮੀ ਨੇ ਕਿਹਾ ਕਿ VISHWAS, 2026 ਮਾਲਕਾਂ, ਮੁਲਾਜ਼ਮਾਂ ਅਤੇ ਮੁਲਾਜ਼ਮਾਂ ਦੇ PROVIDEND FUND ਬਾਰੇ ਸੰਗਠਨ (EPFO)

ਵਿਚਕਾਰ ਵਿਸ਼ਵਾਸ ਨੂੰ ਮਜ਼ਬੂਤ ਕਰਨ ਵੱਲ ਇੱਕ ਕਦਮ ਏ, ਜਦੋਂ ਕਿ ਪਾਲਣਾ ਨੂੰ ਯਕੀਨੀ ਬਣਾਉਂਦਾ ਏ ਅਤੇ ਮੁਲਾਜ਼ਮਾਂ ਦੀ ਸਮਾਜਿਕ ਸੁਰੱਖਿਆ ਦੀ ਰੱਖਿਆ ਕਰਦਾ ਏ। ਉਨ੍ਹਾਂ ਨੇ ਸਾਰੇ ਅਦਾਰਿਆਂ ਨੂੰ ਇਸ ਸੁਨਹਿਰੀ ਮੌਕੇ ਦਾ ਪੂਰਾ ਲਾਭ ਉਠਾਉਣ ਅਤੇ ਮੁਕੱਦਮੇਬਾਜ਼ੀ ਨੂੰ ਘਟਾਉਣ ਦੀ ਅਪੀਲ ਕੀਤੀ ਏ।

----------------------------------------------------------------

ਪੰਜਾਬ ਦੇ ਖਜ਼ਾਨਾ ਅਤੇ ਟਰਾਂਸਪੋਰਟ ਮੰਤਰੀ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੜਕ ਸੁਰੱਖਿਆ ਨੇਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਅਤੇ ਮੋਟਰ ਵਾਹਨ ਕਾਨੂੰਨ , 1988 ਦੀ ਪਾਲਣਾ ਨੂੰ ਬਿਹਤਰ ਬਣਾਉਣ ਲਈ, ਅੱਜ ਕਈ ਵੱਡੇ ਕਦਮਾਂ ਦਾ ਐਲਾਨ ਕੀਤਾ ਏ। ਨਵੇਂ ਦਿਸ਼ਾ-ਨਿਰਦੇਸ਼ ਰਾਹੀਂ, ਨਾਗਰਿਕਾਂ ਲਈ ਗਲਤ ਈ-ਚਲਾਨਾਂ ਨੂੰ ਚੁਣੌਤੀ ਦੇਣ ਲਈ ਇੱਕ ਪਾਰਦਰਸ਼ੀ ਵਿਧੀ ਕਾਇਮ ਕਰਨ ਦੇ ਨਾਲ-ਨਾਲ ਖਤਰਨਾਕ ਡਰਾਈਵਿੰਗ, ਨਾਬਲਿਗਾਂ ਵੱਲੋਂ ਡਰਾਈਵਿੰਗ ਅਤੇ ਸਮਾਂ ਪੁਗਾ ਚੁੱਕੇ ਵਾਹਨ ਰਿਕਾਰਡਾਂ ਲਈ, ਸਖ਼ਤ ਜ਼ੁਰਮਾਨੇ ਲਾਗੂ ਕੀਤੇ ਗਏ ਨੇ।

ਚੰਡੀਗੜ੍ਹ ਵਿੱਚ ਜਾਰੀ ਇੱਕ ਪ੍ਰੈਸ ਬਿਆਨ ਵਿੱਚ, ਇਸ ਬਾਰੇ ਜਾਣਕਾਰੀ ਦਿੰਦਿਆਂ, ਟਰਾਂਸਪੋਰਟ ਮੰਤਰੀ ਨੇ ਕਿਹਾ ਕਿ |ਟਰਾਂਸਪੋਰਟ ਵਿਭਾਗ ਨੇ ਈ-ਚਲਾਨ ਵਿਵਾਦਾਂ ਦੇ ਕੁਸ਼ਲ ਅਤੇ ਅਧਿਕਾਰ ਖੇਤਰ-ਵਿਸ਼ੇਸ਼ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ, ਰਾਜ ਭਰ ਵਿੱਚ ਜ਼ਿਲ੍ਹਾ ਸ਼ਿਕਾਇਤ ਨਿਵਾਰਨ

ਸੈੱਲ ਕਾਇਮ ਕੀਤੇ ਨੇ। ਉਨ੍ਹਾਂ ਕਿਹਾ ਕਿ, ਪ੍ਰਭਾਵਿਤ ਨਾਗਰਿਕਾਂ ਕੋਲ ਹੁਣ ਗਲਤ ਤਰੀਕੇ ਨਾਲ ਜਾਰੀ ਕੀਤੇ ਗਏ ਚਲਾਨ ਨੂੰ ਚੁਣੌਤੀ ਦੇਣ ਲਈ, 45 ਦਿਨਾਂ ਦਾ ਸਮਾਂ ਏ। ਵਾਹਨ ਰਜਿਸਟ੍ਰੇਸ਼ਨ ਦੇ ਸਹੀ ਡੇਟਾ ਦੀ ਜ਼ਰੂਰਤ 'ਤੇ ਜੋਰ ਦਿੰਦਿਆਂ, ਟਰਾਂਸਪੋਰਟ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਮਲਕੀਅਤ ਜਾਂ ਪਤੇ ਦੇ ਰਿਕਾਰਡ ਨੂੰ ਅਪਡੇਟ ਕਰਨ ਵਿੱਚ ਅਸਫਲ ਰਹਿਣ 'ਤੇ ਹੁਣ ਸਖ਼ਤ ਜੁਰਮਾਨਾ ਲਗਾਇਆ ਜਾਵੇਗਾ। ਟਰਾਂਸਪੋਰਟ ਮੰਤਰੀ ਨੇ ਨਾਬਲਿਗਾਂ ਵੱਲੋਂ ਗੱਡੀ ਚਲਾਉਣ ਸਬੰਧੀ ਵੀ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਨਾਬਲਿਗਾਂ ਅਪਰਾਧਾਂ ਵਿੱਚ ਕੋਈ ਛੋਟ ਜਾਂ ਸਮਝੌਤਾ ਨਹੀਂ ਕੀਤਾ ਜਾਵੇਗਾ। ਸੜਕੀ ਅਨੁਸ਼ਾਸਨ ਨੂੰ ਬਿਹਤਰ ਬਣਾਉਣ ਅਤੇ ਜਨਤਕ ਸੁਰੱਖਿਆ ਨੂੰ ਵਧਾਉਣ ਲਈ, ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਮੰਤਰੀ ਨੇ ਕਿਹਾ ਕਿ ਇਨ੍ਹਾਂ ਨਵੀਆਂ ਨੋਟੀਫਾਈਡ ਵਿਵਸਥਾਵਾਂ ਦਾ ਉਦੇਸ਼, ਪੰਜਾਬ ਭਰ ਵਿੱਚ ਕਾਨੂੰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਏ।

-----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਚੁਗਿਰਦਾ ਸਥਿਰਤਾ ਅਤੇ ਹਰਿਆਵਲ ਵੱਲ ਅਹਿਮ ਕਦਮ ਚੁੱਕਦਿਆਂ ਅੱਜ ਪੰਜਾਬ ਵਿਧਾਨ ਸਭਾ ਕੰਪਲੈਕਸ ਵਿਖੇ ਫ਼ਲਦਾਰ ਬੂਟੇ ਲਾਏ. ਇਸ ਮੌਕੇ ਬੋਲਦਿਆਂ ਸ਼੍ਰੀ ਸੰਧਵਾਂ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਵਿੱਚ ਹੁਣ

ਤੱਕ 40 ਤੋਂ ਵੱਧ ਬੂਟੇ ਲਾਏ ਜਾ ਚੁੱਕੇ ਨੇ. ਉਨ੍ਹਾਂ ਅੱਗੇ ਕਿਹਾ ਕਿ ਇਹ ਪੰਜਾਬ ਨੂੰ ਹਰਿਆ ਭਰਿਆ ਬਣਾਉਣਾ ਇੱਕ ਅਹਿਮ ਉਪਰਾਲਾ ਏ ਅਤੇ ਬੂਟੇ ਲਾਉਣ ਦੀ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ । ਸ਼੍ਰੀ ਸੰਧਵਾਂ ਨੇ ਕਿਹਾ,"ਜੇਕਰ ਅਸੀਂ ਕੁਦਰਤ ਨਾਲ ਪਿਆਰ ਕਰਾਂਗੇ, ਤਾਂ ਕੁਦਰਤ ਵੀ ਸਾਨੂੰ ਉਹੀ ਪਿਆਰ ਵਾਪਸ ਕਰੇਗੀ।" ਉਨ੍ਹਾਂ ਨੇ ਮੌਜੂਦਾ ਸਮੇਂ ਨਿਯਮਿਤ ਬੂਟੇ ਲਾਉਣ ਦੀ ਅਹਿਮ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ 'ਗ੍ਰੀਨ ਪੰਜਾਬ' ਬਣਾਉਣ ਲਈ ਹੁਣ ਸਭ ਨੂੰ ਰਲ ਕੇ ਕੰਮ ਕਰਨ ਦਾ ਸਮਾਂ ਆ ਗਿਆ ਏ । ਸਪੀਕਰ ਨੇ ਅੱਗੇ ਕਿਹਾ ਕਿ ਨਿਰੰਤਰ ਰਹਿਣ ਯੋਗ ਚੁਗਿਰਦੇ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਏ । ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਗੁਰਬਾਣੀ ਦੀਆਂ ਮੁੱਖ ਸਿੱਖਿਆਵਾਂ ਅਤੇ ਸਿੱਖ ਗੁਰੂਆਂ ਵਲੋਂ ਦਰਸਾਏ ਇਤਿਹਾਸਕ ਮਾਰਗ ਤੋਂ ਗੂੜ੍ਹੀ ਅਧਿਆਤਮਿਕ ਸੇਧ ਲੈ ਕੇ ਵਿਆਪਕ ਚੁਗਿਰਦਾ ਲਹਿਰ ਸ਼ੁਰੂ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਹਰ ਮਨੁੱਖ, ਜੀਵ, ਬੂਟਾ ਅਤੇ ਰੁੱਖ ਸਰਬ ਸ਼ਕਤੀਮਾਨ ਪ੍ਰਮਾਤਮਾ ਦਾ ਜੀਵੰਤ ਪ੍ਰਗਟਾਵਾ ਏ ।

ਸੂਬੇ ਵਿੱਚ ਘਟਦੇ ਜਾ ਰਹੇ ਵਾਤਾਵਰਣ ਸੰਤੁਲਨ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸਪੀਕਰ ਨੇ ਦੱਸਿਆ ਕਿ ਪੰਜਾਬ ਦਾ ਜੰਗਲਾਤ ਖੇਤਰ ਘਟ ਕੇ 3 ਫ਼ੀਸਦ ਤੋਂ ਵੀ ਘੱਟ ਰਹਿ ਗਿਆ ਏ, ਜਿਸ ਲਈ ਤੁਰੰਤ ਸਮੂਹਿਕ ਯਤਨਾਂ ਦੀ ਲੋੜ ਏ। ਉਨ੍ਹਾਂ ਸਾਰੇ ਪੰਜਾਬੀਆਂ ਨੂੰ ਅਪੀਲ ਕੀਤੀ, "ਜਿੱਥੇ

ਵੀ ਅਤੇ ਜਦੋਂ ਵੀ ਮੌਕਾ ਮਿਲੇ, ਆਓ ਸਾਰੇ ਇੱਕਜੁੱਟ ਹੋ ਕੇ ਰੁੱਖ ਲਗਾਈਏ।"

----------------------------------------------------------------

ਚੋਣ ਪ੍ਰਬੰਧਨ ਵਿੱਚ ਉੱਤਮਤਾ ਨੂੰ ਮਾਨਤਾ ਦੇਣ ਅਤੇ ਉਤਸ਼ਾਹਿਤ ਕਰਨ ਲਈ ਮੁੱਖ ਚੋਣ ਅਫ਼ਸਰ,ਪੰਜਾਬ ਸ਼੍ਰੀਮਤੀ ਅਨਿੰਦਿਤਾ ਮਿਤਰਾ ਨੇ ਅੱਜ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ (EROs) ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) 2026 ਦੇ ਘਰੋ-ਘਰੀ ਗਣਨਾ ਪੜਾਅ ਨੂੰ ਨਿਰਧਾਰਤ ਸਮਾਂ-ਸੀਮਾਵਾਂ ਤੋਂ ਪਹਿਲਾਂ ਮੁਕੰਮਲ ਕਰਨ ਵਿੱਚ ਉਨ੍ਹਾਂ ਦੇ ਅਸਾਧਾਰਨ ਸਮਰਪਣ ਅਤੇ ਵਚਨਬੱਧਤਾ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ।

---

- ਕੇਂਦਰੀ ਮੰਤਰੀ ਕੀਰੇਨ ਰਿਜਿਜੂ ਨੇ ਕਿਹੈ ਕਿ ਸਰਕਾਰ, ਨੀਟ ਪ੍ਰੀਖਿਆ ਪੇਪਰ ਲੀਕ ਕੇਸ ਵਿੱਚ, ਨੇਮ ਤਹਿਤ ਚਰਚਾ ਲਈ ਤਿਆਰ ਏ ।

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਹਿਕਾਰਤਾ ਨੀਤੀ 2026 ਦੀ ਸ਼ੁਰੂਆਤ ਕੀਤੀ।

- ਪੰਜਾਬ, ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਵਿਸ਼ਾ ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ |
- EPFO ਨੇ ਮੁਕੱਦਮੇਬਾਜ਼ੀ ਨੂੰ ਘਟਾਉਣ ਅਤੇ EPFO ਢਾਂਚੇ ਤਹਿਤ ਵਿਵਾਦਾਂ ਦੇ ਨਿਪਟਾਰੇ ਲਈ VISHWAS, 2026 ਯੋਜਨਾ ਨੂੰ NOTIFY ਕੀਤਾ .

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ 'ਗ੍ਰੀਨ ਪੰਜਾਬ' ਬਣਾਉਣ ਲਈ, ਸਭ ਨੂੰ ਰਲ ਕੇ ਕੰਮ ਕਰਨ ਦਾ ਸੱਦਾ ਦਿੱਤਾ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**